ਆਕਾਸ਼ਵਾਣੀ ਜਲੰਧਰ

ਪ੍ਰਦੇਸ਼ਿਕ ਖਬਰਾਂ ਪੰਜਾਬੀ

13:10

ਮਿਤੀ :26-06-2026

ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਅੱਜ ਨਸ਼ਾ-ਮੁਕਤ ਭਾਰਤ ਬਣਾਉਣ ਦੇ ਸਾਂਝੇ ਸੰਕਲਪ ਨੂੰ ਮੁੜ ਦੁਹਰਾਉਣ ਦਾ ਸੱਦਾ ਦਿੱਤਾ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਰਾਧਾਕ੍ਰਿਸ਼ਨਨ ਨੇ ਯੂਨੀਵਰਸਿਟੀਆਂ, ਵਿਦਿਅਕ ਸੰਸਥਾਵਾਂ ਅਤੇ ਸੰਗਠਨਾਂ ਦੀ ਇਸ ਲਹਿਰ ਨੂੰ ਸਰਗਰਮੀ ਨਾਲ ਅੱਗੇ ਵਧਾਉਣ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਕਿਹਾ ਕਿ ਉਨ੍ਹਾਂ ਦੇ ਉਪਰਾਲੇ ਇੱਕ ਮਜ਼ਬੂਤ, ਸਿਹਤਮੰਦ ਅਤੇ ਨਸ਼ਾ-ਮੁਕਤ ਭਾਰਤ ਬਣਾਉਣ ਵਿੱਚ ਮਹੱਤਵਪੂਰਨ ਯੋਗਦਾਨ ਪਾ ਰਹੇ ਨੇ । ਉਪ ਰਾਸ਼ਟਰਪਤੀ ਨੇ ਸਾਰਿਆਂ ਨੂੰ ਜਾਗਰੂਕਤਾ ਫੈਲਾਉਣ, ਨਸ਼ਾ ਛੁਡਾਉਣ ਵਿੱਚ ਲੱਗੇ ਲੋਕਾਂ ਦਾ ਸਮਰਥਨ ਕਰਨ ਅਤੇ ਨੌਜਵਾਨਾਂ ਨੂੰ ਨਸ਼ੇ ਦੀ ਬਜਾਏ ਉਮੀਦ, ਸਿਹਤ ਅਤੇ ਉਦੇਸ਼ ਚੁਣਨ ਲਈ ਪ੍ਰੇਰਿਤ ਕਰਨ ਲਈ ਇੱਕਜੁੱਟ ਹੋਣ ਦੀ ਅਪੀਲ ਕੀਤੀ। ਗ੍ਰਹਿ ਮੰਤਰੀ ਅਮਿਤ ਸ਼ਾਹ ਨੇ

ਨਸ਼ਿਆਂ ਦੀ ਦੁਰਵਰਤੋਂ ਖਿਲਾਫ ਲੜਾਈ ਵਿੱਚ ਲੱਗੇ ਲੋਕਾਂ ਦੀਆਂ ਕੋਸ਼ਿਸ਼ਾਂ ਦੀ ਸ਼ਲਾਘਾ ਕੀਤੀ ਏ। ਅੰਤਰਰਾਸ਼ਟਰੀ ਨਸ਼ਾ-ਮੁਕਤ ਦਿਵਸ ਦੇ ਮੌਕੇ 'ਤੇ, ਅਮਿਤ ਸ਼ਾਹ ਨੇ ਕਿਹਾ ਕਿ ਭਾਰਤ ਨੇ ਨਸ਼ਿਆਂ ਦੀ ਦੁਰਵਰਤੋਂ ਦੀ ਆਲਮੀ ਚੁਣੌਤੀ ਵਿਰੁੱਧ ਸਭ ਤੋਂ ਮਜ਼ਬੂਤ ਲੜਾਈ ਲੜੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉਂਨਾ ਕਿਹਾ ਕਿ ਨਸ਼ੀਲੇ ਪਦਾਰਥਾਂ ਦੇ ਗਿਰੋਹਾਂ ਨੂੰ ਖਤਮ ਕਰ ਦਿੱਤਾ ਗਿਆ ਏ ।

---------------------------------------------------------------------------

ਪੰਜਾਬ ਦੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਲਈ ਚਲਾਈ ਜਾ ਰਹੀ “ਯੁੱਧ ਨਸ਼ਿਆਂ ਵਿਰੁੱਧ” ਮੁਹਿੰਮ ਤਹਿਤ ਕੱਲ ਮਾਲੇਰਕੋਟਲਾ ਵਿਖੇ ਪੰਜਾਬ ਉਰਦੂ ਅਕਾਦਮੀ ਵਿਖੇ ਪੇਂਡੂ ਸੁਰੱਖਿਆ ਕਮੇਟੀਆਂ, ਬਲਾਕ ਕੋਆਰਡੀਨੇਟਰਾਂ, ਸਿਵਲ ਅਤੇ ਪੁਲਿਸ ਪ੍ਰਸ਼ਾਸਨ ਦੇ ਅਧਿਕਾਰੀਆਂ ਨਾਲ ਜ਼ਿਲ੍ਹਾ ਪੱਧਰੀ ਸਮੀਖਿਆ ਮੀਟਿੰਗ ਕੀਤੀ। ਕੈਬਨਿਟ ਮੰਤਰੀ ਨੇ ਕਿਹਾ ਕਿ ਨਸ਼ਿਆਂ ਖ਼ਿਲਾਫ਼ ਜੰਗ ਸਿਰਫ਼ ਸਰਕਾਰ ਜਾਂ ਪੁਲਿਸ ਦੀ ਨਹੀਂ, ਸਗੋਂ ਸਮਾਜ ਦੇ ਹਰ ਵਰਗ ਦੀ ਸਾਂਝੀ ਜ਼ਿੰਮੇਵਾਰੀ ਏ। ਉਨ੍ਹਾਂ ਕਿਹਾ ਕਿ ਪੇਂਡੂ ਸੁਰੱਖਿਆ ਕਮੇਟੀਆਂ, ਪੰਚਾਇਤਾਂ, ਨੌਜਵਾਨਾਂ, ਮਾਪਿਆਂ ਅਤੇ ਸਮਾਜਿਕ ਸੰਸਥਾਵਾਂ ਨੂੰ ਇਸ

ਮੁਹਿੰਮ ਵਿੱਚ ਸਰਗਰਮ ਭੂਮਿਕਾ ਨਿਭਾਉਣੀ ਹੋਵੇਗੀ। ਸ੍ਰੀ ਗੋਇਲ ਨੇ ਕਿਹਾ ਕਿ ਸਰਕਾਰ ਵੱਲੋਂ ਪੇਂਡੂ ਰੱਖਿਆ ਕਮੇਟੀਆਂ ਦਾ ਗਠਨ, ਨਸ਼ਾ ਛੁਡਾਊ ਕੇਂਦਰਾਂ ਦੀ ਸਥਾਪਨਾ ਅਤੇ ਨਸ਼ਾ ਮੁਕਤੀ ਟੀਮਾਂ ਦੀ ਤਾਇਨਾਤੀ ਕਰਕੇ ਨਸ਼ਿਆਂ ਦੇ ਖ਼ਿਲਾਫ਼ ਬਹੁਪੱਖੀ ਪੱਧਰ 'ਤੇ ਕਾਰਵਾਈ ਕੀਤੀ ਜਾ ਰਹੀ ਏ। ਉਨ੍ਹਾਂ ਕਿਹਾ ਕਿ ਨੌਜਵਾਨਾਂ ਦੀ ਊਰਜਾ ਨੂੰ ਸਹੀ ਦਿਸ਼ਾ ਦੇਣ ਲਈ ਪਿੰਡਾਂ ਵਿੱਚ ਖੇਡ ਸਹੂਲਤਾਂ, ਖੇਡ ਸਟੇਡੀਅਮਾਂ ਅਤੇ ਲਾਇਬ੍ਰੇਰੀਆਂ ਦੇ ਵਿਕਾਸ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਏ। ਉਨ੍ਹਾਂ ਸਪੱਸ਼ਟ ਕੀਤਾ ਕਿ ਨਸ਼ਾ ਤਸਕਰੀ ਅਤੇ ਨਸ਼ਿਆਂ ਦੇ ਕਾਰੋਬਾਰ ਨਾਲ ਜੁੜੇ ਸਮਾਜ ਵਿਰੋਧੀ ਅਨਸਰਾਂ ਲਈ ਪੰਜਾਬ ਵਿੱਚ ਕੋਈ ਥਾਂ ਨਹੀਂ ਏ। ਅਜਿਹੇ ਲੋਕਾਂ ਖ਼ਿਲਾਫ਼ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਪੁਲਿਸ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਪੇਂਡੂ ਸੁਰੱਖਿਆ ਕਮੇਟੀਆਂ, ਨਾਲ ਨਿਰੰਤਰ ਤਾਲਮੇਲ ਬਣਾਇਆ ਰੱਖਿਆ ਜਾਵੇ ਅਤੇ ਨਸ਼ਿਆਂ ਸਬੰਧੀ ਕੋਈ ਵੀ ਸੂਚਨਾ ਮਿਲਣ 'ਤੇ ਤੁਰੰਤ ਪ੍ਰਭਾਵਸ਼ਾਲੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ।

---------------------------------------------------------------------

ਓਧਰ ਪਠਾਨਕੋਟ ਜ਼ਿਲਾ ਕਾਨੂੰਨੀ ਸੇਵਾਵਾਂ ਅਥਾਰਟੀ ਪਠਾਨਕੋਟ ਵੱਲੋਂ

ਜਿਲਾ ਤੇ ਸੈਸ਼ਨ ਜੱਜ ਰਜਨੀਸ਼ ਗਰਗ ਦੇ ਨਿਰਦੇਸ਼ਾਂ 'ਤੇ ਨਸ਼ਾ ਛੜਾਓ ਕੇਂਦਰ ਵਿਖੇ ਅੰਤਰ-ਰਾਸ਼ਟਰੀ ਨਸ਼ਾ ਵਿਰੋਧੀ ਦਿਵਸ ਮਨਾਇਆ ਗਿਆ। ਇਸ ਮੌਕੇ ਬੁਲਾਰਿਆਂ ਨੇ ਮਰੀਜ਼ਾਂ ਨੂੰ ਨਸ਼ਾ ਛੱਡਣ ਲਈ ਪ੍ਰੇਰਿਤ ਕੀਤਾ ਅਤੇ ਨਸ਼ੇ ਦੇ ਮਾੜੇ ਅਸਰ ਬਾਰੇ ਵੀ ਜਾਗਰੂਕ ਕਰਵਾਇਆ। ਜ਼ਿਲਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਮਰੀਜ਼ਾਂ ਨੂੰ ਮੁਫਤ ਸੇਵਾਵਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ, ਉਹਨਾਂ ਦੱਸਿਆ ਕਿ ਅਥਾਰਟੀ ਵੱਲੋਂ ਮਰੀਜਾਂ ਨੂੰ ਮੁਫਤ ਵਿੱਚ ਕਾਨੂੰਨੀ ਸਹਾਇਤਾ ਦਿੱਤੀ ਜਾਂਦੀ ਏ ਤਾਂ ਜੋ ਉਹ ਸਮਾਜ ਵਿੱਚ ਚੰਗੇ ਨਾਗਰਿਕ ਬਣ ਕੇ ਆਪਣਾ ਜੀਵਨ ਬਸਰ ਕਰ ਸਕਣ।

---------------------------------------------------------------------------

ਪੰਜਾਬ ਸਰਕਾਰ ਨੇ ਆਪਣੇ ਸਮੂਹ ਸਰਕਾਰੀ ਦਫਤਰਾਂ ਦਾ ਸਮਾਂ ਪਹਿਲਾਂ ਦੀ ਤਰ੍ਹਾਂ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਕਰਨ ਦੇ ਹੁਕਮ ਜਾਰੀ ਕਰ ਦਿੱਤੇ ਨੇ। ਪੰਜਾਬ ਸਰਕਾਰ ਦੇ ਅਮਲਾ ਵਿਭਾਗ ਵੱਲੋਂ ਅੱਜ ਜਾਰੀ ਕੀਤੇ ਗਏ ਇੱਕ ਪੱਤਰ ਮੁਤਾਬਿਕ ਇਹ ਹੁਕਮ ਪਹਿਲੀ ਜੁਲਾਈ ਦਿਨ ਬੁਧਵਾਰ ਤੋਂ ਲਾਗੂ ਹੋਣਗੇ। ਬੀਤੇ ਮਹੀਨੇ ਗਰਮੀ ਨੂੰ ਧਿਆਨ ਵਿੱਚ ਰੱਖਦਿਆਂ, ਸਰਕਾਰ ਵੱਲੋਂ 25 ਮਈ ਤੋਂ ਅਗਲੇ ਹੁਕਮਾਂ ਤੱਕ ਸਰਕਾਰੀ ਦਫਤਰਾਂ ਦਾ ਸਮਾਂ ਸਵੇਰੇ ਸਾਢੇ 7 ਵਜੇ ਤੋਂ ਦੁਪਹਿਰ ਡੇਢ ਵਜੇ ਕਰ

ਦਿੱਤਾ ਗਿਆ ਸੀ, ਜਿਸ ਨੂੰ ਹੁਣ ਮੁੜ ਆਮ ਦਫ਼ਤਰੀ ਸਮੇਂ ਮੁਤਾਬਕ ਕਰ ਦਿੱਤਾ ਜਾਵੇਗਾ।

---------------------------------------------------------------------------

ਅੱਜ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਅਸ਼ੂਰਾ-ਏ-ਮੁਹਰਮ ਬਹੁਤ ਸ਼ਰਧਾ ਨਾਲ ਮਨਾਇਆ ਜਾ ਰਿਹਾ ਏ। ਇਹ ਦਿਨ ਪੈਗੰਬਰ ਮੁਹੰਮਦ ਦੇ ਪੋਤੇ, ਹਜ਼ਰਤ ਇਮਾਮ ਹੁਸੈਨ ਅਤੇ ਉਨ੍ਹਾਂ ਦੇ ਸਾਥੀਆਂ ਦੀ ਸ਼ਹਾਦਤ ਦੀ ਯਾਦ ਦਿਵਾਉਂਦਾ ਏ ਜਿਨ੍ਹਾਂ ਨੇ ਕਰਬਲਾ ਵਿੱਚ ਸੱਚ, ਨਿਆਂ ਅਤੇ ਨੇਕੀ ਦੀ ਰੱਖਿਆ ਲਈ ਆਪਣੀਆਂ ਜਾਨਾਂ ਕੁਰਬਾਨ ਕਰ ਦਿੱਤੀਆਂ ਸਨ। ਕਰਬਲਾ ਦੇ ਸ਼ਹੀਦਾਂ ਦੀ ਸਰਵਉੱਚ ਕੁਰਬਾਨੀ ਦੀ ਯਾਦ ਵਿੱਚ ਮਜਲਿਸਾਂ ਅਤੇ ਧਾਰਮਿਕ ਇਕੱਠ ਵੀ ਕੀਤੇ ਜਾ ਰਹੇ ਨੇ ।

ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਕਿਹਾ ਕਿ ਮੁਹੱਰਮ ਹਜ਼ਰਤ ਇਮਾਮ ਹੁਸੈਨ ਦੀ ਸ਼ਹਾਦਤ , ਹਿੰਮਤ, ਹਮਦਰਦੀ, ਅਤੇ ਸੱਚ ਅਤੇ ਨਿਆਂ ਪ੍ਰਤੀ ਅਟੁੱਟ ਵਚਨਬੱਧਤਾ ਦੀਆਂ ਸਦੀਵੀ ਕਦਰਾਂ ਕੀਮਤਾਂ ਦੀ ਯਾਦ ਦਿਵਾਉਂਦਾ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉਪ ਰਾਸ਼ਟਰਪਤੀ ਨੇ ਕਿਹਾ ਕਿ ਇਹ ਪਵਿੱਤਰ ਮੌਕਾ ਲੋਕਾਂ ਨੂੰ ਸਮਾਜ ਵਿੱਚ ਸਦਭਾਵਨਾ, ਸ਼ਾਂਤੀ ਅਤੇ ਆਪਸੀ ਸਤਿਕਾਰ ਦੇ ਰਿਸ਼ਤੇ ਨੂੰ ਮਜ਼ਬੂਤ

ਕਰਨ ਲਈ ਪ੍ਰੇਰਿਤ ਕਰਦਾ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਹਜ਼ਰਤ ਇਮਾਮ ਹੁਸੈਨ ਦੀ ਕੁਰਬਾਨੀ ਸਾਨੂੰ ਸੱਚਾਈ ਅਤੇ ਨਿਆਂ ਦੇ ਮਾਰਗ 'ਤੇ ਦ੍ਰਿੜ ਰਹਿਣ ਲਈ ਪ੍ਰੇਰਿਤ ਕਰਦੀ ਏ। ਇੱਕ ਸੋਸ਼ਲ ਮੀਡੀਆ ਸੰਦੇਸ਼ ਵਿੱਚ, ਪ੍ਰਧਾਨ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਕੁਰਬਾਨੀ ਹਿੰਮਤ, ਦ੍ਰਿੜਤਾ ਅਤੇ ਮਨੁੱਖੀ ਕਦਰਾਂ-ਕੀਮਤਾਂ ਦਾ ਪ੍ਰਤੀਕ ਏ।

---------------------------------------------------------------------

ਸਰਕਾਰ ਨੇ ਉਦਯੋਗਿਕ ਅਤੇ ਵਪਾਰਕ ਐਲ.ਪੀ.ਜੀ ਖਪਤਕਾਰਾਂ ਨੂੰ ਗੈਰ-ਘਰੇਲੂ ਪੈਕ ਕੀਤੇ ਐਲ.ਪੀ.ਜੀ ਦੀ ਸਪਲਾਈ 'ਤੇ ਸਾਰੀਆਂ ਖੇਤਰੀ ਪਾਬੰਦੀਆਂ ਹਟਾ ਦਿੱਤੀਆਂ ਨੇ। ਸਪਲਾਈ ਪੱਛਮੀ ਏਸ਼ੀਆ ਸੰਕਟ ਤੋਂ ਪਹਿਲਾਂ ਦੇ ਪੱਧਰ 'ਤੇ ਬਹਾਲ ਕਰ ਦਿੱਤੀ ਗਈ ਏ। ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰਾਲੇ ਨੇ ਕਿਹਾ ਕਿ ਸੰਕਟ ਦੌਰਾਨ ਮੁਅੱਤਲ ਕੀਤੀ ਗਈ ਥੋਕ ਐਲਪੀਜੀ ਸਪਲਾਈ ਨੂੰ ਉਨ੍ਹਾਂ ਦੇ ਪਿਛਲੇ ਪੱਧਰਾਂ ਨਾਲੋਂ 50 ਫੀਸਦੀ ਵਧਾਇਆ ਗਿਆ ਏ। ਇਸ ਨਾਲ ਵਪਾਰਕ ਅਤੇ ਉਦਯੋਗਿਕ ਖਪਤਕਾਰਾਂ ਨੂੰ ਮਹੱਤਵਪੂਰਨ ਰਾਹਤ ਮਿਲੀ ਏ। ਇਹ ਬਹਾਲੀ ਐਲ.ਪੀ.ਜੀ ਸਪਲਾਈ ਸਥਿਤੀ ਵਿੱਚ ਹਾਲ ਹੀ ਵਿੱਚ ਹੋਏ ਸੁਧਾਰ ਤੋਂ ਬਾਅਦ ਹੈ। ਇੰਡੀਅਨ ਆਇਲ ਦੇ ਸੂਤਰਾਂ ਮੁਤਾਬਕ ਪੰਜਾਬ 'ਚ ਗੈਰ

ਘਰੇਲੂ ਐੱਲਪੀਜੀ ਦੇ 19 ਕਿਲੋਗ੍ਰਾਮ ਅਤੇ ਵੱਡੇ ਹੋਟਲਾਂ ਅਤੇ ਸਨਅਤੀ ਅਦਾਰਿਆਂ ਵਿੱਚ ਇਸਤੇਮਾਲ ਹੋਣ ਵਾਲੇ ਸਾਢੇ 47 ਕਿਲੋਗ੍ਰਾਮ ਅਤੇ 425 ਕਿਲੋਗ੍ਰਾਮ ਦੇ ਸਿਲੰਡਰ ਹੁਣ ਪਹਿਲਾਂ ਵਾਂਗ ਉਪਲਬਧ ਹੋਣਗੇ.

---------------------------------------------------------------------------

ਸਰਕਾਰ ਨੇ ਪਾਸਪੋਰਟ ਅਰਜ਼ੀ ਫੀਸ ਵਿੱਚ ਵਾਧਾ ਕਰ ਦਿੱਤਾ ਏ । ਨਵੇਂ ਜਾਂ ਦੁਬਾਰਾ ਜਾਰੀ ਕੀਤੇ 36 ਪੰਨਿਆਂ ਦੇ ਪਾਸਪੋਰਟ ਲਈ ਹੁਣ 2,500 ਰੁਪਏ ਦੀ ਫੀਸ ਲਈ ਜਾਵੇਗੀ। ਵਿਦੇਸ਼ ਮੰਤਰਾਲੇ ਦੇ ਇੱਕ ਨੋਟੀਫਿਕੇਸ਼ਨ ਦੇ ਅਨੁਸਾਰ, ਪਾਸਪੋਰਟ ਸੋਧ ਨਿਯਮ 2026 , 1 ਜੁਲਾਈ ਤੋਂ ਲਾਗੂ ਹੋਣਗੇ। ਨਵੇਂ ਫੀਸ ਢਾਂਚੇ ਦੇ ਤਹਿਤ, 36 ਪੰਨਿਆਂ ਦਾ ਨਵਾਂ ਪਾਸਪੋਰਟ ਜਾਰੀ ਕਰਨ ਜਾਂ ਤਤਕਾਲ ਸ਼੍ਰੇਣੀ ਵਿੱਚ ਪਾਸਪੋਰਟ ਦੁਬਾਰਾ ਜਾਰੀ ਕਰਨ ਦੀ ਲਾਗਤ 5,000 ਹੋਵੇਗੀ। 60 ਪੰਨਿਆਂ ਦਾ ਆਮ ਪਾਸਪੋਰਟ ਜਾ ਫੇਰ ਮੁੜ ਤੋਂ ਜਾਰੀ ਕਰਨ ਦੀ ਲਾਗਤ 3,500 ਹੋਵੇਗੀ ਜਦਕਿ ਤਤਕਾਲ ਸ਼੍ਰੇਣੀ ਵਿੱਚ ਪਾਸਪੋਰਟ ਲਈ ਲਾਗਤ 6,000 ਹੋਵੇਗੀ। ਮੌਜੂਦਾ ਸਮੇਂ ਵਿੱਚ, 36 ਪੰਨਿਆਂ ਦੇ ਪਾਸਪੋਰਟ ਦੀ ਲਾਗਤ 1,500 ਏ ਅਤੇ 60 ਪੰਨਿਆਂ ਦੇ ਪਾਸਪੋਰਟ ਲਈ ਫੀਸ 2,000 ਏ । ਗੁੰਮ ਜਾਂ ਖਰਾਬ ਹੋਏ 36 ਪੰਨਿਆਂ ਦੇ

ਪਾਸਪੋਰਟ ਦੀ ਥਾਂ 'ਤੇ ਨਵੇਂ ਆਮ ਪਾਸਪੋਰਟ ਲਈ 5,000 ਦੀ ਫੀਸ ਜਦਕਿ 60 ਪੰਨਿਆਂ ਦੇ ਪਾਸਪੋਰਟ ਦੀ ਥਾਂ 'ਤੇ ਨਵੇਂ ਆਮ ਪਾਸਪੋਰਟ ਲਈ 6,000 ਦੀ ਫੀਸ ਲਈ ਜਾਵੇਗੀ।

---------------------------------------------------------------------

ਭਾਰਤ ਅੱਜ ਆਇਰਲੈਂਡ ਖਿਲਾਫ ਦੋ ਮੈਚਾਂ ਦੀ ਟਵੇਂਟੀ-ਟਵੇਂਟੀ ਅੰਤਰਰਾਸ਼ਟਰੀ ਕ੍ਰਿਕਟ ਲੜੀ ਦਾ ਪਹਿਲਾ ਮੈਚ ਸ਼ਾਮ 6 ਵਜੇ ਬੇਲਫਾਸਟ ਵਿੱਚ ਖੇਡੇਗਾ । ਭਾਰਤੀ ਟੀਮ ਦੀ ਕਪਤਾਨੀ ਸ਼੍ਰੇਅਸ ਅਈਅਰ ਕਰਨਗੇ। ਟੀਮ ਵਿੱਚ 15 ਸਾਲਾ ਬੱਲੇਬਾਜ਼ ਵੈਭਵ ਸੂਰਿਆਵੰਸ਼ੀ ਵੀ ਸ਼ਾਮਲ ਨੇ । ਆਇਰਲੈਂਡ ਦੀ ਕਪਤਾਨੀ ਲੋਰਕਾਨ ਟਕਰ ਕਰਨਗੇ। ਲੜੀ ਦਾ ਦੂਜਾ ਅਤੇ ਆਖਰੀ ਮੈਚ ਐਤਵਾਰ ਨੂੰ ਖੇਡਿਆ ਜਾਵੇਗਾ।